**ਪ੍ਰੈਸ ਨੋਟ ਨੰਬਰ-1**

**1/21947/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਜ਼ਿਲ੍ਹੇ ਅੰਦਰ ਵੱਖ-ਵੱਖ ਦੁਕਾਨਾਂ ਖੋਲ੍ਹਣ ਲਈ ਸਮਾਂ ਨਿਸ਼ਚਿਤ, 17 ਮਈ ਤੱਕ ਕਰਫਿਊ/ਤਾਲਾਬੰਦੀ ਜਾਰੀ

*ਉਲੰਘਣਾਂ ਕਰਨ ਵਾਲਿਆਂ ਵਿਰੁੱਧ ਐਪੀਡੈਮਿਕ ਕੰਟਰੋਲ ਐਕਟ 1897 ਅਤੇ ਡਿਜ਼ਾਸਟਰ ਮੈਨੇਜਮੈਂਟ ਐਕਟ 2005 ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ-ਜ਼ਿਲ੍ਹਾ ਮੈਜਿਸਟਰੇਟ

ਫ਼ਾਜ਼ਿਲਕਾ, 4 ਮਈ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਐਪੀਡੈਮਿਕ ਕੰਟਰੋਲ ਐਕਟ 1897 ਤਹਿਤ ਪੰਜਾਬ ਦੇ ਸਮੂਹ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਪ੍ਰਭਾਵ ਤੋਂ ਬਚਣ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ/ਅਡਵਾਈਜ਼ਰੀਆਂ ਨੂੰ ਮੱਦੇਨਜ਼ਰ ਰੱਖਦੇ ਹੋਏ ਐਪੀਡੈਮਿਕ ਕੰਟਰੋਲ ਐਕਟ 1897 ਸੈਕਸ਼ਨ-2 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 4 ਮਈ ਤੋਂ 17 ਮਈ 2020 ਤੱਕ ਜ਼ਿਲ੍ਹਾ ਫ਼ਾਜਿਲਕਾ ਵਿਚ ਕਰਫਿਊ ਦੇ ਨਾਲ-ਨਾਲ ਤਾਲਾਬੰਦੀ ਦੇ ਆਦੇਸ਼ ਜਾਰੀ ਕੀਤੇ ਹਨ।

ਜਾਰੀ ਹੁਕਮਾਂ 'ਚ ਉਨ੍ਹਾਂ ਕਿਹਾ ਕਿ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫ਼ਾਜ਼ਿਲਕਾ ਦੇ ਸਮੂਹ ਸਰਕਾਰੀ ਤੇ ਪ੍ਰਾਈਵੇਟ ਹਸਪਤਾਲ ਆਮ ਵਾਂਗ ਖੁੱਲ੍ਹੇ ਰਹਿਣਗੇ। ਆਮ ਜਨਤਾ ਨੂੰ ਆਪਣੇ ਘਰਾਂ ਵਿਚ ਹੀ ਰਹਿਣ ਦੀ ਸਲਾਹ ਦਿੱਤੀ ਜਾਂਦੀ ਹੈ ਤਾਂ ਜੋ ਮਹਾਂਮਾਰੀ ਦੇ ਪ੍ਰਕੋਪ ਤੋਂ ਬਚਿਆ ਜਾ ਸਕੇ। ਜ਼ਿਲ੍ਹੇ ਫ਼ਾਜ਼ਿਲਕਾ ਵਿਚ ਵੱਖ-ਵੱਖ ਸ਼੍ਰੇਣੀ ਦੀਆਂ ਦੁਕਾਨਾਂ ਨੂੰ ਕਰਫਿਊ ਦੌਰਾਨ 50 ਫੀਸਦੀ ਸਟਾਫ ਨਾਲ ਖੋਲਣ ਲਈ ਦਿੱਲ ਦਿੱਤੀ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਅਖਬਾਰਾਂ ਦੀ ਸਪਲਾਈ ਸਵੇਰੇ 6 ਤੋਂ ਰਾਤ 8 ਵਜੇ, ਦੁੱਧ ਦੀ ਸਪਲਾਈ ਤੇ ਸਟੋਰਜ ਸਵੇਰੇ 7 ਤੋਂ ਸਵੇਰੇ 9 ਅਤੇ ਸ਼ਾਮ 5 ਤੋਂ ਸ਼ਾਮ 7 ਵਜੇ, ਪਸ਼ੂ ਚਾਰੇ ਦੀ ਸਪਲਾਈ ਸਵੇਰੇ 7 ਵਜੇ ਤੋਂ ਸਵੇਰੇ 10 ਵਜੇ, ਗੈਸ ਦੀ ਸਪਲਾਈ ਦੁਪਹਿਰ 12 ਵਜੇ ਤੋਂ ਸ਼ਾਮ 7 ਵਜੇ, ਬੈਂਕ/ਏ.ਟੀ.ਐਮਜ਼ ਸਵੇਰੇ 10 ਤੋਂ ਦੁਪਹਿਰ 2 ਵਜੇ ਤੱਕ, ਨੈਸ਼ਨਲ/ਹਾਈਵੇ 'ਤੇ ਸਥਿਤ ਪਟਰੋਲ/ਡੀਜ਼ਲ ਪੰਪ 24 ਘੰਟੇ, ਸ਼ਹਿਰੀ ਤੇ ਪੇਂਡੂ ਖੇਤਰ ਵਿਖੇ ਸਵੇਰੇ 7 ਤੋਂ ਦੁਪਹਿਰ 12 ਵਜੇ ਤੱਕ ਅਤੇ ਰਾਜਸਥਾਨ ਬਾਰਡਰ ਦੇ 10 ਕਿਲੋਮੀਟਰ ਦੇ ਏਰੀਏ ਅਧੀਨ ਪੈਂਦੇ ਪੰਪ ਸਵੇਰੇ 7 ਤੋਂ ਸਵੇਰੇ 9 ਤੇ ਸ਼ਾਮ 5 ਵਜੇ ਤੋਂ ਸ਼ਾਮ 7 ਵਜੇ ਤੱਕ ਖੁੱਲ੍ਹੇ ਰਹਿਣਗੇ, ਇੰਸ਼ੋਰੈਂਸ ਕੰਪਨੀਆਂ/ ਪੋਸਟ ਆਫਿਸ/ ਕੋਰੀਅਰ ਸੇਵਾਵਾਂ/ਵਿਤੀ ਕੰਪਨੀਆਂ ਤੇ ਗੈਰ ਵਿਤੀ ਕੰਪਨੀਆਂ/ਈ-ਕਾਮਰਸ ਸਵੇਰੇ 9 ਤੋਂ ਦੁਪਹਿਰ 1 ਵਜੇ ਤੱਕ, ਕਿਸਾਨ ਵੱਲੋਂ ਕਣਕ ਟਰਾਲੀਆਂ ਰਾਹੀਂ ਅਨਾਜ ਮੰਡੀਆਂ ਵਿਚ ਲਿਆਉਣ ਲਈ ਸਮਾਂ ਸਵੇਰੇ 7 ਤੋਂ ਸ਼ਾਮ 6 ਵਜੇ, ਖੇਤਾਂ ਵਿੱਚ ਕੰਬਾਇਨਾਂ ਦੀ ਵਰਤੋਂ ਸਵੇਰੇ 7 ਤੋਂ ਰਾਤ 8 ਵਜੇ, ਕਿੰਨੂਆਂ ਦੀ ਵੈਕਸਿੰਗ/ਫਰੂਟ/ਬਾਗਬਾਨੀ ਵਸਤਾਂ/ਕੋਲਡ ਸਟੋਰ ਵਿਖੇ ਆਵਾਜਾਈ ਸਵੇਰੇ 7 ਤੋਂ ਸ਼ਾਮ 7 ਵਜੇ, ਕੋਆਪਰੇਟਿਵ ਸੋਸਾਇਟੀਆਂ ਦੇ ਖੁੱਲ੍ਹਣ ਦਾ ਸਮਾਂ ਸਵੇਰੇ 9 ਤੋਂ ਸਾਮ 5 ਵਜੇ ਤੱਕ, ਕਣਕ ਸਟੋਰ ਕਰਨ ਵਾਲੇ ਗੋਦਾਮ ਸਵੇਰੇ 7 ਤੋਂ ਸ਼ਾਮ 7 ਵਜੇ, ਮੈਡੀਕਲ/ਵੈਟਨਰੀ ਦੁਕਾਨਾਂ ਸਵੇਰੇ 7 ਤੋਂ ਸਵੇਰੇ 10 ਵਜੇ ਤੱਕ, ਸੈਂਪਲ ਲੈਣ ਵਾਲੀਆਂ ਲੈਬਾਰਟਰੀਆਂ ਸਵੇਰੇ 7 ਤੋਂ ਸਵੇਰੇ 10 ਵਜੇ ਤੱਕ, ਡੈਂਟਲ ਕਲੀਨਿਕ, ਖਾਦਾਂ, ਕੀਟਨਾਸ਼ਕਾਂ, ਬੀਜ, ਆਟਾ ਮਿੱਲਾਂ, ਮੱਛੀ ਫਾਰਮਾਂ ਨੂੰ ਫੀਡ ਦੀ ਸਪਲਾਈ, ਚਿਕਨ/ਆਂਡਿਆਂ ਦੀ ਸਪਲਾਈ, ਪੀਣ ਵਾਲੇ ਪਾਣੀ ਦੀ ਸਪਲਾਈ ਤੇ ਪ੍ਰਿਟਿੰਗ ਪ੍ਰੈਸ ਖੁੱਲ੍ਹਣ ਦਾ ਸਮਾਂ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਰੋਜਾਨਾ ਹੋਵੇਗਾ।

ਆਮ ਲੋਕਾਂ ਦੀ ਸੁਰੱਖਿਆ ਅਤੇ ਸਹੂਲਤਾਂ ਦੇ ਮੱਦੇਨਜ਼ਰ ਕੀਤੇ ਗਏ ਇਹ ਹੁਕਮ ਪੁਲਿਸ ਮੁਲਾਜ਼ਮਾਂ, ਮਿਲਟਰੀ ਤੇ ਪੈਰਾ ਮਿਲਟਰੀ ਸਟਾਫ, ਡਾਕਟਰਾਂ, ਐਮਰਜੰਸੀ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ, ਹੋਮ ਗਾਰਡ ਦੇ ਮੈਂਬਰਾਂ, ਸਰਕਾਰੀ ਕਰਮਚਾਰੀਆਂ ਅਤੇ ਉਨ੍ਹਾਂ ਵਿਅਕਤੀਆਂ ’ਤੇ ਲਾਗੂ ਨਹੀਂ ਹੋਣਗੇ ਜਿਨ੍ਹਾਂ ਨੂੰ ਜ਼ਿਲ੍ਹਾ ਮੈਜਿਸਟਰੇਟ, ਸਮੂਹ ਉਪ ਜ਼ਿਲ੍ਹਾ ਮੈਜਿਸਟਰੇਟ ਜਾਂ ਸਮਰੱਥ ਅਧਿਕਾਰੀ ਵੱਲੋਂ ਪਰਮਿਟ ਜਾਰੀ ਕੀਤਾ ਹੋਵੇ।

ਹੁਕਮਾਂ ’ਚ ਕਿਹਾ ਗਿਆ ਹੈ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ ਵਾਲੇ ਦੁਕਾਨਦਾਰਾਂ/ਫਰਮਾਂ/ਉਦਯੋਗਿਕ ਅਤੇ ਉਤਪਾਦਨ ਕੇਂਦਰਾਂ ਵੱਲੋਂ ਉਲੰਘਣਾਂ ਕਰਨ ਦੀ ਸੂਰਤ ਵਿੱਚ ਐਪੀਡੈਮਿਕ ਕੰਟਰੋਲ ਐਕਟ 1897 ਅਤੇ ਡਿਜ਼ਾਸਟਰ ਮੈਨੇਜਮੈਂਟ ਐਕਟ 2005 ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਪ੍ਰੈਸ ਨੋਟ ਨੰਬਰ-2

**1/21953/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਕਰਿਆਣਾ, ਕਿਤਾਬਾ ਤੇ ਸਟੇਸ਼ਨਰੀ, ਸਕੂਲ ਬੈਗ, ਬਿਜਲੀ, ਮੋਬਾਈਲ ਆਦਿ ਦੁਕਾਨਾ ਸਵੇਰੇ 9 ਤੋਂ ਦੁਪਹਿਰ 1 ਵਜੇ ਤੱਕ ਖੁੱਲ੍ਹਣਗੀਆਂ-ਜ਼ਿਲ੍ਹਾ ਮੈਜਿਸਟਰੇਟ

*ਹੁਕਮਾਂ ਦੀ ਉਲੰਘਣਾਂ ਕਰਨ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ

ਫ਼ਾਜ਼ਿਲਕਾ, 4 ਮਈ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਐਪੀਡੈਮਿਕ ਕੰਟਰੋਲ ਐਕਟ 1897 ਤਹਿਤ ਪੰਜਾਬ ਦੇ ਸਮੂਹ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਪ੍ਰਭਾਵ ਤੋਂ ਬਚਣ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ/ਅਡਵਾਈਜ਼ਰੀਆਂ ਨੂੰ ਮੱਦੇਨਜ਼ਰ ਰੱਖਦੇ ਹੋਏ ਐਪੀਡੈਮਿਕ ਕੰਟਰੋਲ ਐਕਟ 1897 ਸੈਕਸ਼ਨ-2 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 4 ਮਈ ਤੋਂ 17 ਮਈ 2020 ਤੱਕ ਜ਼ਿਲ੍ਹਾ ਫ਼ਾਜਿਲਕਾ ਵਿਚ ਕਰਫਿਊ ਦੇ ਨਾਲ-ਨਾਲ ਤਾਲਾਬੰਦੀ ਦੇ ਆਦੇਸ਼ ਜਾਰੀ ਕੀਤੇ ਹਨ।

ਜਾਰੀ ਹੁਕਮਾਂ ’ਚ ਕਿਹਾ ਹੈ ਕਿ ਸਬਜੀ/ਫਲ ਦੀ ਸਪਲਾਈ ਤੇ ਸਟੋਰਜ ਮੰਗਲਵਾਰ, ਵੀਰਵਾਰ ਤੇ ਸ਼ਨੀਵਾਰ ਸਵੇਰੇ 7 ਤੋਂ 10 ਵਜੇ ਤੱਕ ਕੀਤੀ ਜਾ ਸਕਦੀ ਹੈ, ਇਸ ਤੋਂ ਇਲਾਵਾ ਵਿਕਰੇਤਾ ਸਵੇਰੇ 7 ਤੋਂ ਦੁਪਹਿਰ 12 ਵਜੇ ਤੱਕ ਸਬਜੀ/ਫਲ ਦੀ ਵਿਕਰੀ ਕਰ ਸਕਣਗੇ। ਕਰਿਆਣੇ ਦੀਆਂ ਦੁਕਾਨਾਂ ਸੋਮਵਾਰ, ਬੁੱਧਵਾਰ ਤੇ ਸ਼ੁੱਕਰਵਾਰ ਸਵੇਰੇ 9 ਤੋਂ ਦੁਪਹਿਰ 1 ਵਜੇ ਤੱਕ, ਕਿਤਾਬਾ ਤੇ ਸਟੇਸ਼ਨਰੀ, ਸਕੂਲ ਬੈਗ ਦੀਆਂ ਦੁਕਾਨਾ ਸੋਮਵਾਰ ਤੇ ਸ਼ੁੱਕਰਵਾਰ ਸਵੇਰੇ 9 ਤੋਂ ਦੁਪਹਿਰ 1 ਵਜੇ ਤੱਕ, ਬਿਜਲੀ/ਮੋਬਾਈਲ ਦੁਕਾਨਾਂ/ ਡੀ.ਟੀ.ਐਚ ਸਰਵਿਸ/ ਬਿਜਲੀ ਵਾਲੀਆਂ ਵਸਤਾਂ ਦੀ ਰਿਪੇਅਰਿੰਗ/ ਬੂਟਾਂ/ਰੈਡੀਮੇਡ ਕਪੜਿਆਂ ਦੀਆਂ ਦੁਕਾਨਾਂ ਮੰਗਲਵਾਰ ਤੇ ਸ਼ਨੀਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ, ਸਪੇਅਰ ਪਾਰਟ ਤੇ ਹਰ ਤਰ੍ਹਾਂ ਦੀਆਂ ਰਿਪੇਅਰਿੰਗ/ਸਰਵਿਸ ਸਟੇਸ਼ਨ ਦੀਆਂ ਦੁਕਾਨਾਂ ਸੋਮਵਾਰ ਤੋਂ ਸ਼ਨੀਵਾਰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ, ਉਸਾਰੀ ਸਮੱਗਰੀ/ਹਾਰਡਵੇਅਰ/ਪਲਾਈਵੁੱਡ/ਆਈਰਨ ਸੈਨੀਟਰੀ/ਫਰਨੀਚਰ/ਪੇਂਟ/ਲਕੱੜ ਕਟਿੰਗ ਦੀਆਂ ਦੁਕਾਨਾਂ ਸ਼ਨੀਵਾਰ ਤੇ ਐਤਵਾਰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ, ਬੇਕਰੀ/ਡਰਾਈ ਫਰੂਟ ਤੇ ਮਿਠਾਈ ਦੀਆਂ ਦੁਕਾਨਾਂ ਐਤਵਾਰ, ਸੋਮਵਾਰ ਤੇ

ਮੰਗਲਵਾਰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ, ਕਰੋਕਰੀ/ਜਨਰਲ ਸਟੋਰ/ਗਿਫਟ, ਸੁਨਿਆਰ/ਦਰਜੀ, ਡਰਾਈ ਕਲੀਨਰ/ਹੋਜ਼ਰੀ/ਕਪੜੇ ਦੇ ਵਪਾਰੀ/ਬੁਟਿਕਸ, ਫੋਟੋਗ੍ਰਾਫਰਸ/ਓਪਟੀਕਲ ਦੀਆਂ ਦੁਕਾਨਾ ਬੁੱਧਵਾਰ ਤੇ ਸ਼ੁਕਰਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ, ਪੋਲਟਰੀ/ਪਸ਼ੂ ਚਾਰੇ ਦੀ ਸਪਲਾਈ ਸੋਮਵਾਰ, ਬੁੱਧਵਾਰ ਤੇ ਸ਼ੁਕਰਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਅਤੇ ਨਾਈਟਰੋਜਨ ਦੀ ਸਪਲਾਈ ਸੋਮਵਾਰ ਤੇ ਸ਼ੁਕਰਵਾਰ ਨੂੰ ਸਵੇਰੇ 9 ਤੋਂ ਦੁਪਹਿਰ 1 ਵਜੇ ਤੱਕ ਖੁੱਲੀਆਂ ਰਹਿਣਗੀਆਂ।

ਆਮ ਲੋਕਾਂ ਦੀ ਸੁਰੱਖਿਆ ਅਤੇ ਸਹੂਲਤਾਂ ਦੇ ਮੱਦੇਨਜ਼ਰ ਕੀਤੇ ਗਏ ਇਹ ਹੁਕਮ ਪੁਲਿਸ ਮੁਲਾਜ਼ਮਾਂ, ਮਿਲਟਰੀ ਤੇ ਪੈਰਾ ਮਿਲਟਰੀ ਸਟਾਫ, ਡਾਕਟਰਾਂ, ਐਮਰਜੰਸੀ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ, ਹੋਮ ਗਾਰਡ ਦੇ ਮੈਂਬਰਾਂ, ਸਰਕਾਰੀ ਕਰਮਚਾਰੀਆਂ ਅਤੇ ਉਨ੍ਹਾਂ ਵਿਅਕਤੀਆਂ ’ਤੇ ਲਾਗੂ ਨਹੀਂ ਹੋਣਗੇ ਜਿਨ੍ਹਾਂ ਨੂੰ ਜ਼ਿਲ੍ਹਾ ਮੈਜਿਸਟਰੇਟ, ਸਮੂਹ ਉਪ ਜ਼ਿਲ੍ਹਾ ਮੈਜਿਸਟਰੇਟ ਜਾਂ ਸਮਰੱਥ ਅਧਿਕਾਰੀ ਵੱਲੋਂ ਪਰਮਿਟ ਜਾਰੀ ਕੀਤਾ ਹੋਵੇ।

ਹੁਕਮਾਂ ’ਚ ਕਿਹਾ ਗਿਆ ਹੈ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ ਵਾਲੇ ਦੁਕਾਨਦਾਰਾਂ/ਫਰਮਾਂ/ਉਦਯੋਗਿਕ ਅਤੇ ਉਤਪਾਦਨ ਕੇਂਦਰਾਂ ਵੱਲੋਂ ਉਲੰਘਣਾਂ ਕਰਨ ਦੀ ਸੂਰਤ ਵਿੱਚ ਐਪੀਡੈਮਿਕ ਕੰਟਰੋਲ ਐਕਟ 1897 ਅਤੇ ਡਿਜ਼ਾਸਟਰ ਮੈਨੇਜਮੈਂਟ ਐਕਟ 2005 ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

**ਪ੍ਰੈਸ ਨੋਟ ਨੰਬਰ-3**
**1/21996/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ
ਕੋਵਿਡ-19
ਜ਼ਿਲ੍ਹੇ ਅੰਦਰ ਸੈਲੂਨ, ਨਾਈ, ਬਿਊਟੀ ਪਾਰਲਰ ਅਤੇ ਜਿੰਮ ਆਦਿ ਨਹੀਂ ਖੁਲੱ੍ਹਣਗੇ
* ਦੁਕਾਨਾਂ ਦੇ ਅੱਗੇ ਵਹੀਕਲ ਖੜ੍ਹਾਉਣ ’ਤੇ ਹੋਵੇਗੀ ਪਾਬੰਦੀ
* ਸਾਰੇ ਗ੍ਰਾਹਕ ਪੈਦਲ ਹੀ ਖਰੀਦਦਾਰੀ ਲਈ ਦੁਕਾਨਦਾਰਾਂ ਕੋਲ ਜਾਣਗੇ
* ਸਮੂਹ ਦੁਕਾਨਦਾਰਾਂ ਵੱਲੋਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ
ਫ਼ਾਜ਼ਿਲਕਾ, 4 ਮਈ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਐਪੀਡੈਮਿਕ ਕੰਟਰੋਲ ਐਕਟ 1897 ਤਹਿਤ ਪੰਜਾਬ ਦੇ ਸਮੂਹ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਪ੍ਰਭਾਵ ਤੋਂ ਬਚਣ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ/ਅਡਵਾਈਜ਼ਰੀਆਂ ਨੂੰ ਮੱਦੇਨਜ਼ਰ ਰੱਖਦੇ ਹੋਏ ਐਪੀਡੈਮਿਕ ਕੰਟਰੋਲ ਐਕਟ 1897 ਸੈਕਸ਼ਨ-2 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 4 ਮਈ ਤੋਂ 17 ਮਈ 2020 ਤੱਕ ਜ਼ਿਲ੍ਹਾ ਫ਼ਾਜਿਲਕਾ ਵਿਚ ਕਰਫਿਊ ਦੇ ਨਾਲ-ਨਾਲ ਤਾਲਾਬੰਦੀ ਦੇ ਆਦੇਸ਼ ਜਾਰੀ ਕੀਤੇ ਹਨ।

ਜਾਰੀ ਹੁਕਮਾਂ ’ਚ ਕਿਹਾ ਹੈ ਕਿ ਜ਼ਿਲ੍ਹਾ ਫ਼ਾਜਿਲਕਾ ਵਿਚ ਕੋਵਿਡ-19 ਅਧੀਨ ਵੱਖ-ਵੱਖ ਸੇਵਾਵਾਂ ਵਿਚ ਲੱਗੇ ਸਾਰੇ ਕਰਮਚਾਰੀ/ਸੋਸ਼ਲ ਵੈਲਫੇਅਰ/ਐਨ.ਜੀ.ਓਜ/ਦੁਕਾਨਦਾਰ ਆਦਿ ਨੂੰ ਜੋ ਕਰਫਿਊ ਪਾਸ ਦੀ ਮਿਆਦ 3 ਮਈ 2020 ਤੱਕ ਸੀ, ਹੁਣ ਉਨ੍ਹਾਂ ਦੀ ਮਿਆਦ 17 ਮਈ 2020 ਤੱਕ ਵਧਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ

ਫ਼ਾਜ਼ਿਲਕਾ ਵਿਚ ਸਥਾਪਿਤ ਸਾਰੇ ਸਰਕਾਰੀ ਅਤੇ ਗੈਰ ਸਰਕਾਰੀ ਅਦਾਰੇ ਭਾਰਤ ਸਰਕਾਰ ਅਤੇ ਰਾਜ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਖੁੱਲ੍ਹੇ ਰਹਿਣਗੇ, ਪਰ ਸਿੱਖਿਆ ਨਾਲ ਸਬੰਧਤ ਸਾਰੇ ਅਦਾਰੇ ਬੰਦ ਰਹਿਣਗੇ। ਸਰਕਾਰੀ/ਗੈਰ ਸਰਕਾਰੀ ਅਦਾਰਿਆਂ ਦੇ ਸ਼ਨਾਖਤੀ ਕਾਰਡ ਹੀ ਉਨ੍ਹਾਂ ਦੇ ਕਰਫਿਊ ਪਾਸ ਹੋਣਗੇ।
ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਾਜਿਲਕਾ ਵਿਚ ਸਥਾਪਿਤ ਸਾਰੇ ਉਦਯੋਗਿਕ/ਉਤਪਾਦਨ ਕੇਂਦਰ ਭਾਰਤ ਸਰਕਾਰ ਅਤੇ ਰਾਜ ਸਰਕਾਰ ਵੱਲੋਂ ਜਾਰੀ ਕੋਵਿਡ-19 ਅਧੀਨ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਆਪਣੇ ਨਿਰਧਾਰਤ ਸਮੇਂ ਅਧੀਨ ਖੁੱਲ੍ਹਣਗੇ, ਪਰ ਇਥੇ ਕੰਮ ਕਰਨ ਵਾਲੇ ਸਾਰੇ ਕਾਮਿਆਂ ਨੂੰ ਸਬੰਧਤ ਮਾਲਕਾਂ ਵੱਲੋਂ ਆਪਣੇ ਉਦਯੋਗਿਕ/ਉਤਪਾਦਨ ਕੇਂਦਰ ਵਿਚ ਹੀ ਰੱਖਿਆ ਜਾਵੇਗਾ, ਅਗਰ ਕਾਮਿਆਂ ਦੀ ਸਹੂਲਤ ਲਈ ਆਵਾਜਾਈ ਦੀ ਜ਼ਰੂਰਤ ਮਹਿਸੂਸ ਹੁੰਦੀ ਹੈ ਤਾਂ ਸਬੰਧਤ ਮਾਲਕਾਂ ਵੱਲੋਂ ਕਾਮਿਆਂ ਨੂੰ ਆਵਾਜਾਈ ਦੀ ਸੁਵਿਧਾ ਸਮਾਜਿਕ ਦੂਰੀ ਕਾਇਮ ਰੱਖਦੇ ਹੋਏ ਮੁਹੱਈਆ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਸਬੰਧਤ ਫਰਮ ਦੇ ਮਾਲਕ ਆਪਣੇ ਕਰਮਚਾਰੀਆਂ/ਕਾਮਿਆਂ/ਸੇਲਜਮੈਨਾਂ ਨੂੰ ਹੱਥਾਂ ਵਿਚ ਪਾਉਣ ਲਈ ਦਸਤਾਨੇ/ਮੂੰਹ ਢੱਕਣ ਵਾਸਤੇ ਮਾਸਕ ਅਤੇ ਲੋੜੀਂਦੀ ਮਾਤਰਾ ਵਿਚ ਸੈਨੇਟਾਈਜ਼ਰ ਮੁਹੱਈਆ ਕਰਵਾਉਣ ਦੇ ਆਪਣੇ ਪੱਧਰ ’ਤੇ ਜਿੰਮੇਵਾਰ ਹੋਣਗੇ ਅਤੇ ਆਪਸ ਵਿਚ ਸਮਾਜਿਕ ਦੂਰੀ ਕਾਇਮ ਰੱਖਦੇ ਹੋਏ ਭਾਰਤ ਸਰਕਾਰ ਅਤੇ ਰਾਜ ਸਰਕਾਰ ਵੱਲੋਂ ਕੋਵਿਡ-19 ਅਧੀਨ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ, ਤਾਂ ਜੋ ਕੋਰੋਨਾ ਮਹਾਂਮਾਰੀ ਦੇ ਪ੍ਰਕੋਪ ਨੂੰ ਠੱਲ੍ਹ ਪਾਈ ਜਾ ਸਕੇ।
ਜ਼ਿਲ੍ਹਾ ਫ਼ਾਜਿਲਕਾ ਵਿਚ ਸ਼ਹਿਰੀ ਅਤੇ ਪੇਂਡੂ ਖੇਤਰ ਵਿਚ ਸਰਕਾਰੀ/ਗੈਰ ਸਰਕਾਰੀ ਕਰਫਿਊ ਤੋਂ ਪਹਿਲਾਂ ਸ਼ੁਰੂ ਕੀਤੇ ਗਏ ਕੰਮਾਂ ਨੂੰ 50 ਫੀਸਦੀ ਲੇਬਰ ਰਾਹੀਂ ਮੁਕੰਮਲ ਕਰਵਾਇਆ ਜਾ ਸਕੇਗਾ। ਨਵੀਂ ਉਸਾਰੀ ਸ਼ੁਰੂ ਨਹੀਂ ਕੀਤੀ ਜਾਵੇਗੀ। ਲੇਬਰ ਨੂੰ ਮਾਸਕ ਅਤੇ ਸੈਨੇਟਾਈਜ਼ਰ ਦੀ ਵਰਤੋਂ ਕਰਨੀ ਲਾਜਮੀ ਹੋਵੇਗੀ ਅਤੇ ਸਮਾਜਿਕ ਦੂਰੀ ਬਰਕਰਾਰ ਰੱਖੀ ਜਾਵੇਗੀ।
ਆਮ ਲੋਕਾਂ/ਦੁਕਾਨਦਾਰਾਂ ਅਤੇ ਕੋਆਰਨਟਾਈਨ ਇਲਾਕਿਆਂ ਦੇ ਲੋਕਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕੇਵਲ ਰੋਸਟਰ ਵਿਚ ਦਿੱਤੀਆਂ ਦੁਕਾਨਾਂ ਖੋਲਣ ਦੀ ਇਜਾਜਤ ਹੋਵੇਗੀ। ਇਸ ਤੋਂ ਇਲਾਵਾ ਸੈਲੂਨ, ਨਾਈ, ਬਿਊਟੀ ਪਾਰਲਰ ਅਤੇ ਜਿੰਮ ਆਦਿ ਨੂੰ ਖੋਲ੍ਹਣ ਦੀ ਪ੍ਰਵਾਨਗੀ ਨਹੀਂ ਹੋਵੇਗੀ। ਕੋਈ ਵੀ ਰੈਸਟੋਰੈਂਟ/ਹੋਟਲ ਅਤੇ ਫੂਡ ਇਸਟੈਬਲੀਸ਼ਮੈਂਟ ਨੂੰ ਖੋਲ੍ਹਣ ਦੀ ਇਜ਼ਾਜਤ ਨਹੀਂ ਹੋਵੇਗੀ। ਕੋਵਿਡ-19 ਦੇ ਮੱਦੇਨਜਰ ਬੈਕਰੀ, ਮਠਿਆਈ ਦੀਆਂ ਦੁਕਾਨਾਂ ’ਤੇ ਬੈਠ ਕੇ ਖਾਣ ਦੀ ਮਨਾਹੀ ਹੋਵੇਗੀ। ਦੁਕਾਨਦਾਰ ਵੱਲੋਂ ਕੇਵਲ ਪੈਕਿੰਗ ਵਿਚ ਹੀ ਮਠਿਆਈ ਜਾਂ ਸਮਾਨ ਗ੍ਰਾਹਕ ਨੂੰ ਮੁਹੱਈਆ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਕੋਈ ਵੀ ਦੁਕਾਨ ਜੋ ਮਲਟੀ ਬਰਾਂਡ ਤੇ ਸਿੰਗਲ ਬਰਾਂਡ ਮਾਲਸ ਵਿਚ ਹੈ, ਨੂੰ ਖੋਲ੍ਹਣ ਦੀ ਮਨਜ਼ੂਰੀ ਨਹੀਂ ਹੋਵੇਗੀ। ਦੁਕਾਨ ਵਿਚ ਕੰਮ ਕਰਨ ਵਾਲੇ ਅਤੇ ਦੁਕਾਨ ਵਿਚ ਆਉਣ ਵਾਲੇ ਹਰ ਵਿਅਕਤੀ ਦਾ ਮਾਸਕ/ਕੱਪੜੇ ਨਾਲ ਮੂੰਹ ਢੱਕਣਾ ਜ਼ਰੂਰੀ ਹੋਵੇਗਾ। ਦੁਕਾਨਦਾਰ ਸਮੇਂ-ਸਮੇਂ ਸਿਰ ਆਪਣੇ ਹੱਥ/ਸੈਨੇਟਾਈਜ਼ਰ ਨਾਂਲ ਸਾਫ ਕਰਨਾ ਯਕੀਨੀ ਬਨਾਉਣਗੇ। ਦੁਕਾਨਦਾਰ ਸਾਰੀ ਪੇਮੈਂਟ ਆਪਸੀ ਦੂਰੀ ਬਣਾ ਕੇ ਬੋਕਸ ਵਿਚ ਇਕੱਠੀ ਕਰਨਗੇ। ਸਮੂਹ ਦੁਕਾਨਦਾਰ ਭਾਰਤ/ਰਾਜ ਸਰਕਾਰ ਪਾਸੋਂ ਜਾਰੀ ਕੋਵਿਡ-19 ਦੀ ਰੋਕਥਾਮ ਦੇ ਉਪਰਾਲਿਆਂ ਲਈ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਉਣਗੇ। ਸਾਰੇ ਦੁਕਾਨਦਾਰ ਕੋਵਾ ਐਪ ਨੂੰ ਡਾਉਨਲੋਡ ਕਰਕੇ ਰਜਿਸਟਰੇਸ਼ਨ ਕਰਨਾ ਯਕੀਨੀ ਬਣਾਉਣਗੇ। ਸਾਰੇ ਗ੍ਰਾਹਕ ਪੈਦਲ ਹੀ ਖਰੀਦਦਾਰੀ ਲਈ ਦੁਕਾਨਦਾਰਾਂ ਕੋਲ ਜਾਣਗੇ, ਦੁਕਾਨਾਂ ’ਤੇ ਦੁਕਾਨਦਾਰ ਦੇ ਅਤੇ ਆਮ ਜਨਤਾ ਦੇ ਵਹੀਕਲਾਂ ਨੂੰ ਆਉਣ ਦੀ ਮਨਾਹੀ ਹੋਵੇਗੀ। ਨਗਰ ਹਦੂਦ ਤੋਂ ਬਾਹਰ ਜਾਂ ਪਿੰਡਾਂ ਤੋਂ ਆਉਣ ਵਾਲੇ ਗ੍ਰਾਹਕਾਂ ਨੂੰ ਵਹੀਕਲ ਸ਼ਹਿਰ ਵਿਚ ਟਰੈਫਿਕ ਪੁਲਿਸ ਵੱਲੋਂ ਨਿਰਧਾਰਤ ਕੀਤੇ ਸਥਾਨ ’ੇਤੇ ਖੜਾ ਕਰਨਾ ਪਵੇਗਾ। ਸਕੂਟਰ/ਦੋ ਪਹੀਆ ਵਹੀਕਲ ’ਤੇ

ਕੇਵਲ ਇਕ ਹੀ ਵਿਅਕਤੀ, ਪੰਜ ਸੀਟਾਂ ਵਾਲੀ ਕਾਰ ਵਿਚ ਡਰਾਈਵਰ ਸਮੇਤ ਦੋ ਅਤੇ ਸੱਤ ਸੀਟਾਂ ਵਾਲੀ ਕਾਰ ਵਿਚ ਡਰਾਈਵਰ ਸਮੇਤ ਤਿੰਨ ਵਿਅਕਤੀਆਂ ਨੂੰ ਬੈਠਣ ਦੀ ਆਗਿਆ ਹੀ ਹੋਵੇਗੀ। ਐਸ.ਐਸ.ਪੀ. ਫ਼ਾਜਿਲਕਾ ਨਿਰਧਾਰਤ ਕੀਤੇ ਸਥਾਨ ’ਤੇ ਟਰੈਫਿਕ ਅਨੁਸਾਰ ਸੁਰੱਖਿਆ ਪ੍ਰਬੰਧ ਯਕੀਨੀ ਬਣਾਉਣਗੇ ਅਤੇ ਸ਼ਹਿਰ ਵਿਚ ਪ੍ਰਾਈਵੇਟ ਵਹੀਕਲ ਦਾ ਆਉਣਾ ਵਰਜਿਤ ਕਰਨਗੇ। ਜੇਕਰ ਆਮ ਜਨਤਾ ਵਹੀਕਲ ਸ਼ਰੇਆਮ ਬਜਾਰਾਂ ਵਿਚ ਲੈ ਕੇ ਆਉਂਦੀ ਹੈ ਤਾਂ ਮੋਟਰ ਵਹੀਕਲ ਐਕਟ ਅਧੀਨ ਉਨ੍ਹਾਂ ਦੇ ਵੱਧ ਤੋਂ ਵੱਧ ਚਲਾਨ ਕੱਟੇ ਜਾਣ ਤਾਂ ਆਮ ਜਨਤਾ ਨੂੰ ਸ਼ਰੇਆਮ ਬਜਾਰਾਂ ਵਿਚ ਵਹੀਕਲ ਲਿਆਉਣ ਤੋਂ ਰੋਕਿਆ ਜਾ ਸਕੇ। ਜਿਸ ਦੁਕਾਨਦਾਰ ਦੀ ਦੁਕਾਨ ਅੱਗੇ ਵਹੀਕਲ ਖੜ੍ਹਾ ਹੋਵੇਗਾ ਤਾਂ ਉਸ ਦੁਕਾਨਦਾਰ ਦੇ ਖਿਲਾਫ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਸਾਰੇ ਦੁਕਾਨਦਾਰ ਜ਼ਰੂਰੀ ਵਸਤੂਆਂ ਦੀ ਹੋਮ ਡਿਲੀਵਰੀ ਨੂੰ ਪਹਿਲ ਦੇਣਗੇ। ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਜ਼ਿਲ੍ਹੇ ਅੰਦਰ ਗੈਰ ਜ਼ਰੂਰੀ ਸੇਵਾਵਾਂ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਮੁਕੰਮਲ ਤੌਰ ’ਤੇ ਬੰਦ ਰਹਿਣਗੀਆਂ, ਪਰ ਜ਼ਰੂਰੀ ਸੇਵਾਵਾਂ ਲਈ ਵਰਤੇ ਜਾਣ ਵਾਲੇ ਸਾਰੇ ਵਹੀਕਲਾਂ ਨੂੰ ਆਉਣ/ਜਾਣ ਲਈ ਕਰਫਿਊ ਪਾਸ ਦੀ ਜ਼ਰੂਰਤ ਨਹੀਂ ਹੋਵੇਗੀ। ਸਮੂਹ ਦੁਕਾਨਦਾਰਾਂ ਵੱਲੋਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਹੁਕਮਾਂ ’ਚ ਕਿਹਾ ਗਿਆ ਹੈ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ ਵਾਲੇ ਦੁਕਾਨਦਾਰਾਂ/ਫਰਮਾਂ/ਉਦਯੋਗਿਕ ਅਤੇ ਉਤਪਾਦਨ ਕੇਂਦਰਾਂ ਵੱਲੋਂ ਉਲੰਘਣਾਂ ਕਰਨ ਦੀ ਸੂਰਤ ਵਿੱਚ ਐਪੀਡੈਮਿਕ ਕੰਟਰੋਲ ਐਕਟ 1897 ਅਤੇ ਡਿਜ਼ਾਸਟਰ ਮੈਨੇਜਮੈਂਟ ਐਕਟ 2005 ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਪ੍ਰੈਸ ਨੋਟ-4
1/22109/2020
ਸੂਚਨਾ ਤੇ ਜਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਮੁੱਢਲੀ ਜਾਂਚ ਤੋਂ ਬਾਅਦ ਸਿਹਤ ਵਿਭਾਗ ਦੀਆਂ ਟੀਮਾਂ   ਸੈਂਪਲਿੰਗ ’ਚ ਤੇਜ਼ੀ ਲਿਆਉਣ -ਬਲਬੀਰ ਸਿੰਘ ਸਿੱਧੂ

*ਸਿਹਤ ਮੰਤਰੀ ਵੱਲੋਂ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੇ ਕਾਰਜ਼ਾਂ ’ਚ ਜੁਟੇ ਸਿਹਤ ਕਾਮਿਆਂ, ਐਨ.ਜੀ.ਓ ਅਤੇ ਹੋਰਨਾਂ ਅਧਿਕਾਰੀਆਂ ਦਾ ਕੀਤਾ ਧੰਨਵਾਦ
*ਸਿਹਤ ਮੰਤਰੀ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਕੋਵਿਡ-19 ਦੇ ਪ੍ਰਬੰਧਾਂ ’ਤੇ ਸੰਤੁਸ਼ਟੀ ਪ੍ਰਗਟਾਈ
*ਜ਼ਿਲ੍ਹੇ ਅੰਦਰ ਪਰਤੇ ਲੋਕਾਂ ਦੇ ਲਏ ਸੈਂਪਲਾਂ ਦੀ ਰਿਪੋਰਟ ਜਲਦ ਕਰਵਾਉਣ ਦਾ ਦਿੱਤਾ ਭਰੋਸਾ

ਫਾਜ਼ਿਲਕਾ 4 ਮਈ:
ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਸ੍ਰੀ ਬਲਬੀਰ ਸਿੰਘ ਸਿੱਧੂ ਨੇ ਕੋਰੋਨਾ ਵਾਇਰਸ ਦੀ ਫੈਲੀ ਮਹਾਂਮਾਰੀ ਨੰੂ ਲੈ ਕੇ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ਼ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਫਾਜ਼ਿਲਕਾ ਦੇ ਚੋਣਵੇਂ ਅਧਿਕਾਰੀਆਂ ਨਾਲ ਸਮੁੱਚੀ ਸਥਿਤੀ ਅਤੇ ਪ੍ਰਬੰਧਾਂ ਬਾਰੇ ਅਹਿਮ ਮੀਟਿੰਗ ਕੀਤੀ। ਉਨ੍ਹਾਂ ਇਸ ਮਹਾਂਮਾਰੀ ਅੰਦਰ ਜਿੱਥੇ ਮੁੱਢਲੀ ਕਾਤਾਰ ਅੰਦਰ ਸੇਵਾਵਾਂ ਦੇਣ ਲਈ ਜੁਟੇ ਸਿਹਤ ਵਿਭਾਗ ਦੇ ਅਧਿਕਾਰੀਆਂ, ਡਾਕਟਰੀ ਟੀਮਾਂ, ਐਨ.ਜੀ.ਓ ਅਤੇ ਹੋਰ ਅਧਿਕਾਰੀਆਂ ਦਾ ਧੰਨਵਾਦ ਕੀਤਾ, ਉਥੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੰੂ  ਸੈਂਪਲਿੰਗ ਦੇ

ਕੰਮ ਅੰਦਰ ਤੇਜ਼ੀ ਲਿਆਉਣ ਦੇ ਆਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸੈਂਪਲਿੰਗ ਦੇ ਟੈਸਟਾਂ ਲਈ ਪ੍ਰਾਈਵੇਟ ਤੌਰ ’ਤੇ ਲੈਬੋਰਟਰੀਆਂ ਨਾਲ ਰਾਬਤਾ ਕੀਤਾ ਗਿਆ ਹੈ, ਤਾਂ ਜੋ ਰਿਪੋਰਟ ਆਉਣ ਤੋਂ ਬਾਅਦ ਕੁਆਰਨਟਾਈਨ ਸੈਂਟਰਾਂ ’ਚ ਠਹਿਰੇ ਲੋਕਾਂ ਨੰੂ ਪਹਿਲਕਦਮੀ ਨਾਲ ਉਨ੍ਹਾਂ ਦੇ ਘਰਾਂ ਤੱਕ ਪੁੱਜਦਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਕੋਵਿਡ-19 ਦੀ ਜੰਗ ਨਾਲ ਲੜਣ ਲਈ ਪੰਜਾਬ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮਾਸਕ, ਪੀ.ਪੀ.ਈ ਕਿੱਟ, ਸੈਨੀਟਾਈਜ਼ਰ ਤੋਂ ਇਲਾਵਾ ਕਿਸੇ ਵੀ ਸਮੱਗਰੀ ਦੀ ਕੋਈ ਘਾਟ ਨਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਨੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਪੰਜਾਬ ਅੰਦਰ ਸਭ ਤੋਂ ਪਹਿਲਾ ਕਰਫਿਊ ਅਤੇ ਤਾਲਾਬੰਦੀ ਦਾ ਐਲਾਨ ਕੀਤਾ ਸੀ, ਤਾਂ ਜੋ ਪੰਜਾਬ ਦੇ ਲੋਕਾਂ ਨੰੂ ਹਰ ਤਰੀਕੇ ਨਾਲ ਸੁਰੱਖਿਅਤ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕੋਰੋਨਾ ਦੇ ਸੰਕਟ ਤੋਂ ਜਿੰਨਾ ਹੋਰ ਸੂਬੇ ਪ੍ਰਭਾਵਿਤ ਹੋਏ ਹਨ, ਪੰਜਾਬ ਦੀ ਸਥਿਤੀ ਕਾਫ਼ੀ ਬਿਹਤਰ ਹੈ। ਉਨ੍ਹਾਂ ਫਾਜ਼ਿਲਕਾ ਤੋਂ ਮੈਡੀਕਲ ਕਾਲਜ ਫਰੀਦਕੋਟ ਵਿਖੇ ਭੇਜੇ ਗਏ ਸੈਂਪਲਾਂ ਦੀ ਬਕਾਇਆ ਰਿਪੋਰਟ ਨੰੂ ਲੈ ਕੇ ਮੌਕੇ ’ਤੇ ਫੋਨ ’ਤੇ ਰਾਬਤਾ ਕਰਕੇ ਜਲਦ ਰਿਪੋਰਟ ਕਰਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਦੂਰੀ ਬਣਾਈ ਰੱਖਣ। ਆਪਣੇ ਹੱਥ ਵਾਰ ਵਾਰ ਧੋਣ ਅਤੇ ਸੈਨੇਟਾਈਜ਼ਰ ਦੀ ਵਰਤੋ ਕਰਨ ਅਤੇ ਘਰਾਂ ਅੰਦਰ ਰਹਿ ਕੇ ਰਾਜ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਸ. ਸਿੱਧੂ ਨੰੂ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਫਾਜ਼ਿਲਕਾ ਵਿਖੇ ਜੈਸਲਮੇਰ ਰਾਜਸਥਾਨ, ਨਾਂਦੇੜ ਸਾਹਿਬ, ਕੋਟਾ ਅਤੇ ਹੋਰਨਾਂ ਥਾਵਾਂ ਤੋਂ ਪਰਤੇ ਲੋਕਾਂ ਦੇ 1086 ਸੈਂਪਲ ਲਏ ਗਏ ਹਨ, ਜਿਸਦੇ ਵਿੱਚੋਂ 516 ਨੈਗਟਿਵ, 4 ਕੇਸ ਪਾਜ਼ਿਟਿਵ ਜਦਕਿ 566 ਸੈਂਪਲਾਂ ਦੀ ਰਿਪੋਰਟ ਬਕਾਇਆ ਹੈ। ਉਨ੍ਹਾਂ ਦੱਸਿਅ ਕਿ ਸਮੁੱਚੀ ਲੇਬਰ ਅਤੇ ਸ਼ਰਧਾਲੂਆਂ ਨੰੂ ਵੱਖ ਵੱਖ ਥਾਵਾਂ ਤੇ ਸਥਾਪਤ ਕੀਤੇ ਕੁਆਰਨਟਾਈਨ ਸੈਂਟਰਾਂ ਵਿੱਚ ਰੱਖਿਆ ਗਿਆ।

ਇਸ ਮੌਕੇ ਵਿਧਾਇਕ ਜਲਾਲਾਬਾਦ ਰਮਿੰਦਰ ਆਂਵਲਾ, ਵਿਧਾਇਕ ਫਾਜ਼ਿਲਕਾ ਦਵਿੰਦਰ ਸਿੰਘ ਘੁਬਾਇਆ, ਸੀਨੀਅਰ ਕਾਂਗਰਸੀ ਆਗੂ ਸੰਦੀਪ ਜਾਖੜ ਅਤੇ ਰੰਜਮ ਕਾਮਰਾ, ਐਸ.ਐਸ.ਪੀ. ਹਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਰ.ਪੀ. ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਵਲ ਰਾਮ, ਐਸ.ਡੀ.ਐਮ ਫਾਜ਼ਿਲਕਾ ਸੁਭਾਸ਼ ਖੱਟਕ, ਸਹਾਇਕ ਕਮਿਸ਼ਨਰ ਪੂਨਮ ਸਿੰਘ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਹੋਰ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ ਸਾਹਿਬਾਨ ਹਾਜਰ ਸਨ।